ਮਲਾਰ ਮਹਲਾ ੧ ॥ ਦੁਖੁ ਵੇਛੋੜਾ ਇਕੁ ਦੁਖੁ ਭੂਖ ॥ ਇਕੁ ਦੁਖੁ ਸਕਤਵਾਰ ਜਮਦੂਤ ॥ ਇਕੁ ਦੁਖੁ ਰੋਗੁ ਲਗੈ ਤਨਿ ਧਾਇ ॥ ਵੈਦ ਨ ਭੋਲੇ ਦਾਰੂ ਲਾਇ ॥੧॥ ਵੈਦ ਨ ਭੋਲੇ ਦਾਰੂ ਲਾਇ ॥ ਦਰਦੁ ਹੋਵੈ ਦੁਖੁ ਰਹੈ ਸਰੀਰ ॥ ਐਸਾ ਦਾਰੂ ਲਗੈ ਨ ਬੀਰ ॥ ੧॥ ਰਹਾਉ ॥ ਖਸਮੁ ਵਿਸਾਰਿ ਕੀਏ ਰਸ ਭੋਗ ॥ ਤਾਂ ਤਨਿ ਉਠਿ ਖਲੋਏ ਰੋਗ ॥ ਮਨ ਅੰਧੇ ਕਉ ਮਿਲੈ ਸਜਾਇ ॥ ਵੈਦ ਨ ਭੋਲੇ ਦਾਰੂ ਲਾਇ ॥ ੨॥ ਚੰਦਨ ਕਾ ਫਲੁ ਚੰਦਨ ਵਾਸੁ ॥ ਮਾਣਸ ਕਾ ਫਲੁ ਘਟ ਮਹਿ ਸਾਸੁ ॥ ਸਾਸਿ ਗਇਐ ਕਾਇਆ ਢਲਿ ਪਾਇ ॥ ਤਾ ਕੈ ਪਾਛੈ ਕੋਇ ਨ ਖਾਇ ॥੩॥ ਕੰਚਨ ਕਾਇਆ ਨਿਰਮਲ ਹੰਸੁ ॥ ਜਿਸੁ ਮਹਿ ਨਾਮੁ ਨਿਰੰਜਨ ਅੰਸੁ ॥ ਦੂਖ ਰੋਗ ਸਭਿ ਗਇਆ ਗਵਾਇ ॥ ਨਾਨਕ ਛੂਟਸਿ ਸਾਚੈ ਨਾਇ ॥੪॥੨॥੭॥ {ਪੰਨਾ 1256}

ਪਦ ਅਰਥ:- ਵਿਛੋੜਾ—ਪਰਮਾਤਮਾ ਦੇ ਚਰਨਾਂ ਤੋਂ ਵਿਛੋੜਾ, ਪ੍ਰਭੂ ਦੀ ਯਾਦ ਤੋਂ ਸੱਖਣਾ-ਪਨ। ਭੂਖ—ਮਾਇਆ ਦੀ ਤ੍ਰਿਸ਼ਨਾ। ਸਕਤਵਾਰ—ਸ਼ਕਤੀ ਵਾਲੇ, ਡਾਢੇ। ਤਨਿ—ਤਨ ਵਿਚ। ਵੈਦ ਭੋਲੇ—ਹੇ ਭੋਲੇ ਅੰਞਾਣ ਵੈਦ! ਦਾਰੂ ਨ ਲਾਇ—ਦਵਾਈ ਨਾਹ ਦੇਹ।1।

ਰਹੈ—ਟਿਕਿਆ ਰਹਿੰਦਾ ਹੈ। ਬੀਰ—ਹੇ ਵੀਰ! ਲਗੈ ਨ—ਨਹੀਂ ਲੱਗਦਾ, ਨਹੀਂ ਪੋਹਦਾ, ਅਸਰ ਨਹੀਂ ਕਰਦਾ।1। ਰਹਾਉ।

ਵਿਸਾਰਿ—ਭੁਲਾ ਕੇ। ਰਸ ਭੋਗ—ਰਸਾਂ ਦੇ ਭੋਗ। ਉਠਿ ਖਲੋਏ—ਪੈਦਾ ਹੋ ਗਏ। ਰੋਗ—ਕਈ ਰੋਗ (ਨੋਟ:- ਲਫ਼ਜ਼ 'ਰੋਗੁ' ਇਕ-ਵਚਨ ਹੈ, ਲਫ਼ਜ਼ 'ਰੋਗ' ਬਹੁ-ਵਚਨ ਹੈ)।2।

ਚੰਦਨ ਵਾਸੁ—ਚੰਦਨ ਦੀ ਸੁਗੰਧੀ। ਘਟ—ਸਰੀਰ। ਸਾਸੁ—ਸਾਹ। ਸਾਸਿ ਗਇਐ—ਜੇ ਸਾਹ ਨਿਕਲ ਜਾਏ। ਕਾਇਆ—ਸਰੀਰ। ਢਲਿ ਪਾਇ—ਢਹਿ ਪੈਂਦੀ ਹੈ, ਮਿੱਟੀ ਹੋ ਜਾਂਦੀ ਹੈ। ਤਾ ਕੈ ਪਾਛੈ—ਸਰੀਰ ਦੇ ਮਿੱਟੀ ਹੋ ਜਾਣ ਪਿਛੋਂ। ਕੋਇ—ਕੋਈ ਭੀ ਮਨੁੱਖ।3।

ਕੰਚਨ ਕਾਇਆ—ਸੋਨੇ ਵਰਗਾ ਸਰੀਰ। ਨਿਰਮਲ—ਵਿਕਾਰਾਂ ਤੋਂ ਬਚਿਆ ਹੋਇਆ। ਹੰਸੁ—ਜੀਵਾਤਮਾ। ਜਿਸੁ ਮਹਿ—ਜਿਸ (ਕਾਇਆ) ਵਿਚ। ਅੰਸੁ—ਹਿੱਸਾ, ਜੋਤਿ। ਸਭਿ—ਸਾਰੇ। ਨਾਇ—ਨਾਮ ਵਿਚ (ਜੁੜ ਕੇ)। ਛੂਟਸਿ—(ਤ੍ਰਿਸ਼ਨਾ ਆਦਿਕ ਦੁੱਖਾਂ ਤੋਂ) ਖ਼ਲਾਸੀ ਹਾਸਲ ਕਰੇਗਾ।4।

ਅਰਥ:- ਹੇ ਅੰਞਾਣ ਵੈਦ! ਹੇ ਵੀਰ ਵੈਦ! ਅਜੇਹੀ ਦਵਾਈ ਦੇਣ ਦਾ ਕੋਈ ਲਾਭ ਨਹੀਂ, ਅਜੇਹੀ ਦਵਾਈ ਕੋਈ ਅਸਰ ਨਹੀਂ ਕਰਦੀ (ਜਿਸ ਦਵਾਈ ਦੇ ਵਰਤਿਆਂ ਫਿਰ ਭੀ) ਸਰੀਰ ਦਾ ਦੁੱਖ ਦਰਦ ਟਿਕਿਆ ਹੀ ਰਹੇ।1। ਰਹਾਉ।

ਹੇ ਭੋਲੇ ਵੈਦ! ਤੂੰ ਦਵਾਈ ਨਾਹ ਦੇਹ (ਕਿਸ ਕਿਸ ਰੋਗ ਦਾ ਤੂੰ ਇਲਾਜ ਕਰੇਂਗਾ? ਵੇਖ, ਮਨੁੱਖ ਲਈ ਸਭ ਤੋਂ ਵੱਡਾ) ਰੋਗ ਹੈ ਪਰਮਾਤਮਾ ਦੇ ਚਰਨਾਂ ਤੋਂ ਵਿਛੋੜਾ, ਦੂਜਾ ਰੋਗ ਹੈ ਮਾਇਆ ਦੀ ਭੁੱਖ। ਇਕ ਹੋਰ ਰੋਗ ਭੀ ਹੈ, ਉਹ ਹੈ ਡਾਢੇ ਜਮਦੂਤ (ਭਾਵ, ਜਮਦੂਤਾਂ ਦਾ ਡਰ, ਮੌਤ ਦਾ ਡਰ)। ਤੇ ਇਹ ਉਹ ਦੁੱਖ ਹੈ ਉਹ ਰੋਗ ਹੈ ਜੋ ਮਨੁੱਖ ਦੇ ਸਰੀਰ ਵਿਚ ਆ ਚੰਬੜਦਾ ਹੈ (ਜਦ ਤਕ ਸਰੀਰਕ ਰੋਗ ਪੈਦਾ ਕਰਨ ਵਾਲੇ ਮਾਨਸਕ ਰੋਗ ਮੌਜੂਦ ਹਨ, ਤੇਰੀ ਦਵਾਈ ਕਾਟ ਨਹੀਂ ਕਰ ਸਕਦੀ)।1।

ਜਦੋਂ ਮਨੁੱਖ ਨੇ ਪ੍ਰਭੂ-ਪਤੀ ਨੂੰ ਭੁਲਾ ਕੇ (ਵਿਸ਼ੇ-ਵਿਕਾਰਾਂ ਦੇ) ਰਸ ਮਾਣਨੇ ਸ਼ੁਰੂ ਕਰ ਦਿੱਤੇ, ਤਾਂ ਉਸ ਦੇ ਸਰੀਰ ਵਿਚ ਬੀਮਾਰੀਆਂ ਪੈਦਾ ਹੋਣ ਲਗ ਪਈਆਂ। (ਕੁਰਾਹੇ ਪਏ ਮਨੁੱਖ ਨੂੰ ਸਹੀ ਰਸਤੇ ਤੇ ਪਾਣ ਲਈ, ਇਸ ਦੇ) ਮਾਇਆ-ਮੋਹ ਵਿਚ ਅੰਨ੍ਹੇ ਹੋਏ ਮਨ ਨੂੰ (ਸਰੀਰਕ ਰੋਗਾਂ ਦੀ ਰਾਹੀਂ) ਸਜ਼ਾ ਮਿਲਦੀ ਹੈ। ਸੋ, ਹੇ ਅੰਞਾਣ ਵੈਦ! (ਸਰੀਰਕ ਰੋਗਾਂ ਨੂੰ ਦੂਰ ਕਰਨ ਵਾਸਤੇ ਦਿੱਤੀ) ਤੇਰੀ ਦਵਾਈ ਦਾ ਕੋਈ ਲਾਭ ਨਹੀਂ (ਵਿਸ਼ੇ-ਵਿਕਾਰਾਂ ਦੇ ਕਾਰਨ ਇਹ ਰੋਗ ਤਾਂ ਮੁੜ ਮੁੜ ਪੈਦਾ ਹੋਣਗੇ)।2।

ਚੰਦਨ ਦਾ ਰੁੱਖ ਤਦੋਂ ਤਕ ਚੰਦਨ ਹੈ ਜਦ ਤਕ ਵਿਚ ਚੰਦਨ ਦੀ ਸੁਗੰਧੀ ਹੈ (ਸੁਗੰਧੀ ਤੋਂ ਬਿਨਾ ਇਹ ਸਾਧਾਰਨ ਲੱਕੜੀ ਹੀ ਹੈ)। ਮਨੁੱਖਾ ਸਰੀਰ ਤਦੋਂ ਤਕ ਮਨੁੱਖਾ ਸਰੀਰ ਹੈ ਜਦ ਤਕ ਇਸ ਸਰੀਰ ਵਿਚ ਸਾਹ ਚੱਲ ਰਿਹਾ ਹੈ। ਸੁਆਸ ਨਿਕਲ ਜਾਣ ਤੇ ਸਰੀਰ ਮਿੱਟੀ ਹੋ ਜਾਂਦਾ ਹੈ। ਸਰੀਰ ਦੇ ਮਿੱਟੀ ਹੋ ਜਾਣ ਪਿਛੋਂ ਕੋਈ ਭੀ ਮਨੁੱਖ ਦਵਾਈ ਨਹੀਂ ਖਾਂਦਾ (ਪਰ ਇਹ ਸਰੀਰ ਵਿਚੋਂ ਨਿਕਲ ਜਾਣ ਵਾਲਾ ਜੀਵਾਤਮਾ ਤਾਂ ਵਿਛੋੜੇ ਅਤੇ ਤ੍ਰਿਸ਼ਨਾ ਆਦਿਕ ਰੋਗਾਂ ਨਾਲ ਗ੍ਰਸਿਆ ਹੋਇਆ ਹੀ ਜਾਂਦਾ ਹੈ। ਹੇ ਵੈਦ! ਦਵਾਈ ਦੀ ਅਸਲ ਲੋੜ ਤਾਂ ਉਸ ਜੀਵਾਤਮਾ ਨੂੰ ਹੈ)।3।

(ਹੇ ਵੈਦ!) ਜਿਸ ਸਰੀਰ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ, ਪਰਮਾਤਮਾ ਦੀ ਜੋਤਿ (ਲਿਸ਼ਕਾਰਾ ਮਾਰਦੀ) ਹੈ, ਉਹ ਸਰੀਰ ਸੋਨੇ ਵਰਗਾ ਸੁੱਧ ਰਹਿੰਦਾ ਹੈ, ਉਸ ਵਿਚ ਵੱਸਦਾ ਜੀਵਾਤਮਾ ਭੀ ਨਰੋਆ ਰਹਿੰਦਾ ਹੈ। ਉਹ ਜੀਵਾਤਮਾ ਆਪਣੇ ਸਾਰੇ ਰੋਗ ਦੂਰ ਕਰ ਕੇ ਇਥੋਂ ਜਾਂਦਾ ਹੈ।

ਹੇ ਨਾਨਕ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜ ਕੇ ਹੀ ਜੀਵ (ਤ੍ਰਿਸ਼ਨਾ ਆਦਿਕ ਰੋਗਾਂ ਤੋਂ) ਖ਼ਲਾਸੀ ਹਾਸਲ ਕਰੇਗਾ।4।2।7।